Punjab Government Gazette

Published by Authority

No.49] CHANDIGARH, FRIDAY, DECEMBER 5, 2025 (AGRAHAYANA 14 , 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ

(ਇਮਾਰਤਾਂ ਤੇ ਸੜਕਾਂ-2 ਸ਼ਾਖਾ)

ਹੁਕਮ

ਮਿਤੀ 30 ਮਈ, 2023

ਨੰ:03/06/2023-3ਇਸ2/1289.-ਸ਼੍ਰੀ ਅਮਰਜੀਤ ਸਿੰਘ,ਨਿਗਰਾਨ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਹਲਕਾ, ਲੁਧਿਆਣਾ ਨੂੰ 58 ਸਾਲ ਦੀ ਉਮਰ ਪੂਰੀ ਹੋਣ ਤੇ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਜਿਲਦ-1 ਭਾਗ-1 ਦੇ ਨਿਯਮ 3.26 (ਓ) ਅਧੀਨ ਮਿਤੀ 31.05.2023 (ਬਾਅਦ ਦੁਪਹਿਰ) ਨੂੰ ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ (Retire) ਕੀਤਾ ਜਾਂਦਾ ਹੈ।

2. ਅਧਿਕਾਰੀ ਵਿਰੁੱਧ ਜੇਕਰ ਕੋਈ ਕ੍ਰਿਮੀਨਲ ਕੇਸ, ਸਿਵਲ ਕੇਸ, ਵਿਜੀਲੈਂਸ ਕੇਸ ਜਾਂ ਅਨੁਸ਼ਾਸ਼ਨੀ ਕਾਰਵਾਈ ਦਾ ਕੇਸ ਚਲਦਾ ਹੋਵੇ ਜਾਂ ਅਜਿਹਾ ਕੋਈ ਨਵਾਂ ਮਾਮਲਾ ਧਿਆਨ ਵਿਚ ਆਉਂਦਾ ਹੈ ਤਾਂ ਸਰਕਾਰ ਦੁਆਰਾ ਇਨ੍ਹਾਂ ਹੁਕਮਾਂ ਨੂੰ ਮੁੜ ਵਿਚਾਰਿਆ ਜਾ ਸਕਦਾ ਹੈ ਜਾਂ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਭਾਗ-2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾ ਸਕਦੀ ਹੈ।

3. ਇਸ ਤੋਂ ਇਲਾਵਾ ਸ਼੍ਰੀ ਸੁਰਜੀਤ ਸਿੰਘ ਔਜਲਾ ਵੱਲੋਂ ਅਧਿਕਾਰੀ ਵਿਰੁੱਧ ਕੀਤੀ ਗਈ ਸ਼ਿਕਾਇਤ ਦਾ ਨਤੀਜੇ ਸਬੰਧੀ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਅਧਿਕਾਰੀ ਵਿਰੁੱਧ ਇੰਨਕੁਆਰੀ ਜਾਂ ਅਨੁਸ਼ਾਸਨਿਕ ਕਾਰਵਾਈ ਦਾ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਉਸ ਵਿਰੁੱਧ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

ਡੀ.ਕੇ.ਤਿਵਾਰੀ, ਆਈ.ਏ.ਐਸ.

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ।

ਚੰਡੀਗੜ੍ਹ

ਮਿਤੀ 16 ਮਈ, 2023

3571/12-2025/Pb. Govt. Press, S.A.S. Nagar